**ਪੰਜਾਬ ਸਕੂਲ ਸਿੱਖਿਆ ਬੋਰਡ**

ਸਾਹਿਬਜ਼ਾਦਾ ਅਜੀਤ ਸਿੰਘ ਨਗਰ 160002

(ਕਾਰਜ ਸੰਚਾਲਨ ਸ਼ਾਖਾ)

ਨੰ:ਪਸਸਬ/ਕਸ/2026/2686
ਮਿਤੀ:03/02/26

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ)
ਪੰਜਾਬ।

**ਵਿਸ਼ਾ:-** **ਅੱਠਵੀਂ ਸ਼੍ਰੇਣੀ ਫਰਵਰੀ - 2026 ਦੀਆਂ ਸਲਾਨਾ ਪਰੀਖਿਆਵਾਂ ਦੇ ਸੰਚਾਲਨ ਸਬੰਧੀ।**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਸ਼ਾ ਅਧੀਨ ਪਰੀਖਿਆਵਾਂ ਮਿਤੀ 17-02-2026 ਤੋਂ 27-02-2026 ਤੱਕ ਸਵੇਰੇ 11.00 ਵਜੇ ਤੋਂ ਬੋਰਡ ਵੱਲੋਂ ਸਥਾਪਿਤ ਕੀਤੇ ਪਰੀਖਿਆ ਕੇਂਦਰਾਂ ਵਿਖੇ ਕਰਵਾਈਆਂ ਜਾ ਰਹੀਆਂ ਹਨ। । ਅੱਠਵੀ ਦੀ ਪਰੀਖਿਆ ਨਾਲ ਸਬੰਧਤ ਪ੍ਰਸ਼ਨ ਪੱਤਰ ਅਤੇ ਕੇਂਦਰ ਸੁਪਰਡੰਟ ਦੇ ਪੈਕਟ Lot-1 (ਅੰਮ੍ਰਿਤਸਰ, ਬਠਿੰਡਾ, ਫਾਜ਼ਿਲਕਾ, ਫਿਰੋਜ਼ਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਲੁਧਿਆਣਾ, ਪਟਿਆਲਾ, ਸੰਗਰੂਰ ਅਤੇ ਤਰਨ-ਤਾਰਨ) ਮਿਤੀ 09-02-2026 ਨੂੰ ਮੁੱਖ ਦਫਤਰ ਤੋਂ ਭੇਜੇ ਜਾਣਗੇ। Lot-2 (ਬਰਨਾਲਾ, ਫਰੀਦਕੋਟ, ਫਤਿਹਗੜ੍ਹ ਸਾਹਿਬ, ਕਪੂਰਥਲਾ, ਮਲੇਰਕੋਟਲਾ, ਮਾਨਸਾ, ਮੋਗਾ, ਸ਼੍ਰੀ ਮੁਕਤਸਰ ਸਹਿਬ, ਪਠਾਨਕੋਟ, ਰੋਪੜ, ਐਸ.ਏ.ਐਸ ਨਗਰ, ਐਸ.ਬੀ.ਐਸ) ਮਿਤੀ 10-02-2026 ਨੂੰ ਮੁੱਖ ਦਫਤਰ ਤੋਂ ਭੇਜੇ ਜਾਣਗੇ। ਮੁੱਖ ਦਫਤਰ ਤੋਂ ਆਈ ਟੀਮ ਇਹ ਪ੍ਰਸ਼ਨ ਪੱਤਰ ਜ਼ਿਲ੍ਹਾ ਮੈਨੇਜਰ ਨੂੰ ਪ੍ਰਾਪਤ ਕਰਵਾਏਗੀ। ਅੱਠਵੀਂ ਸ਼੍ਰੇਣੀ ਦੇ ਪ੍ਰਸ਼ਨ ਪੱਤਰ ਮਿਤੀ 10-02-2026 ਤੋਂ 13-02-2026 ਤੱਕ ਪ੍ਰਿੰਸੀਪਲਜ਼ ਕਮ ਕੇਂਦਰ ਕੰਟਰੋਲਰਜ਼ ਨੂੰ ਸੌਂਪੇ ਜਾਣੇ ਹਨ। ਦਰਸਾਈਆਂ ਮਿਤੀਆਂ ਅਨੁਸਾਰ ਪ੍ਰਿੰਸੀਪਲ ਕਮ ਕੇਂਦਰ ਕੰਟਰੋਲਰਜ਼ ਨੂੰ ਪ੍ਰਸ਼ਨ ਪੱਤਰ ਪ੍ਰਾਪਤ ਕਰਨ ਦੀ ਹਦਾਇਤ ਕੀਤੀ ਜਾਵੇ। ਪੰਜਾਬ ਸਰਕਾਰ ਅਤੇ ਬੋਰਡ, ਪਰੀਖਿਆਵਾਂ ਨਕਲ ਰਹਿਤ ਕਰਵਾਉਣ ਲਈ ਵਚਨ-ਬੱਧ ਹੈ। ਇਸ ਕਾਰਜ ਵਿੱਚ ਆਪ ਦੇ ਸਹਿਯੋਗ ਦੀ ਅਤਿ ਜ਼ਰੂਰਤ ਹੈ।

**ਪਰੀਖਿਆ ਸੁਚੱਜੇ ਢੰਗ ਨਾਲ ਕਰਵਾਉਂਣ ਲਈ ਹੇਠ ਲਿਖੇ ਅਨੁਸਾਰ ਪੁਖਤਾ ਪ੍ਰਬੰਧ ਕਰਵਾਏ ਜਾਣ:-**

1. ਪਰੀਖਿਆ ਦੌਰਾਨ ਜੇਕਰ ਕਿਸੇ ਵੀ ਤਰ੍ਹਾਂ ਦੀ ਮਹਾਂਮਾਰੀ ਦੇ ਕਾਰਨਾਂ ਕਰਕੇ ਅਣ-ਸੁਖਾਵਾਂ ਮਾਹੌਲ ਪੈਦਾ ਹੁੰਦਾ ਹੈ ਤਾਂ ਸਰਕਾਰ ਵੱਲੋਂ ਜਾਰੀ ਕੀਤੀਆਂ ਜਾਣ ਵਾਲੀਆਂ ਹਦਾਇਤਾਂ ਡਾਊਨਲੋਡ ਕੀਤੀਆਂ ਜਾਣ ਅਤੇ ਇਨ੍ਹਾਂ ਦੀ ਪਾਲਣਾ ਕੀਤੀ ਜਾਵੇ।
2. ਸੀਟਿੰਗ ਪਲਾਨ 30 ਪਰੀਖਿਆਰਥੀ ਪ੍ਰਤੀ ਕਮਰੇ ਦੇ ਹਿਸਾਬ ਨਾਲ ਹੀ ਤਿਆਰ ਕਰਵਾਇਆ ਜਾਵੇ।
3. ਕੇਂਦਰ ਵਿੱਚ ਪ੍ਰਸ਼ਨ ਪੱਤਰ ਪਹੁੰਚਾਉਂਣਾ ਕੇਂਦਰ ਕੰਟਰੋਲਰ ਦੀ ਜ਼ਿੰਮੇਵਾਰੀ ਹੋਵੇਗੀ।
4. ਸੁਪਰਡੰਟ ਅਤੇ ਡਿਪਟੀ ਸੁਪਰਡੰਟ ਪਰੀਖਿਆ ਕੇਂਦਰ ਵਿੱਚ ਆਪ ਵੱਲੋਂ ਭੇਜੇ ਪੈਨਲ ਵਿਚੋਂ ਤਾਇਨਾਤ ਕੀਤੇ ਜਾਣਗੇ। ਨਿਗਰਾਨ ਅਮਲਾ ਸਬੰਧਤ ਸਕੂਲ ਦਾ ਹੀ ਹੋਵੇਗਾ। ਕੇਵਲ ਸੁਪਰਡੰਟ ਨੂੰ ਹੀ ਮਿਹਨਤਾਨੇ ਦੀ ਅਦਾਇਗੀ ਕੀਤੀ ਜਾਵੇਗੀ।

CS CamScanner

5. ਜੇਕਰ ਕਿਸੇ ਪਰੀਖਿਆ ਕੇਂਦਰ ਵਿੱਚ ਸਟਾਫ/ਫਰਨੀਚਰ ਦੀ ਘਾਟ ਹੈ ਤਾਂ ਉਸਨੂੰ ਪੂਰਾ ਕਰਵਾਇਆ ਜਾਵੇ।
6. ਪਰੀਖਿਆਰਥੀਆਂ ਲਈ ਪਰੀਖਿਆ ਕੇਂਦਰ ਵਿੱਚ ਇੱਕ ਘੰਟਾ ਪਹਿਲਾਂ ਪਹੁੰਚਣਾ ਲਾਜ਼ਮੀ ਕੀਤਾ ਗਿਆ ਹੈ।
7. ਸਕੂਲ ਲਾਗਇੰਨ ਤੇ ਪਰੀਖਿਆਰਥੀਆਂ ਸਬੰਧੀ ਡਾਟਾ ਉਪਲੱਬਧ ਕਰਵਾਇਆ ਗਿਆ ਹੈ। ਕੇਂਦਰ ਕੰਟਰੋਲਰ ਵੱਲੋਂ ਕੇਂਦਰ ਸੁਪਰਡੰਟ ਨੂੰ ਡਾਟਾ, ਪੱਤਰ, ਹਦਾਇਤਾਂ, ਹਸਤਾਖਰ ਚਾਰਟ, ਕੱਟ ਲਿਸਟ ਆਦਿ ਡਾਊਨਲੋਡ ਕਰਕੇ ਉਪਲੱਬਧ ਕਰਵਾਉਣ ਦੀ ਹਦਾਇਤ ਕੀਤੀ ਜਾਵੇ।
8. ਪ੍ਰਸ਼ਨ ਪੱਤਰਾਂ ਦੀ ਘਾਟ ਸਬੰਧੀ ਡੇਟਸ਼ੀਟ ਵਿੱਚ ਦਰਜ ਨੰਬਰਾਂ ਤੇ ਸੰਪਰਕ ਕੀਤਾ ਜਾਵੇ।
9. ਪਰੀਖਿਆ ਤੋਂ ਇੱਕ ਦਿਨ ਪਹਿਲਾਂ ਸਾਰੇ ਪ੍ਰਬੰਧ ਮੁਕੰਮਲ ਕਰਵਾਏ ਜਾਣ।
10. ਨਵੀਆਂ ਹਦਾਇਤਾਂ ਅਤੇ ਪਰੀਖਿਆਵਾਂ ਸਬੰਧੀ ਹਰ ਰੋਜ਼ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈਬਸਾਈਟ www.pseb.ac.in/ ਸਕੂਲ ਲਾਗ-ਇੰਨ ਆਈ.ਡੀ. ਚੈੱਕ ਕਰਨ ਦੀ ਹਦਾਇਤ ਕੀਤੀ ਜਾਵੇ।
11. ਨਕਲ ਦੀ ਪ੍ਰਵਿਰਤੀ ਤੇ ਕਾਬੂ ਪਾਉਣ ਲਈ ਪਰੀਖਿਆ ਕੇਂਦਰਾਂ ਦੀ ਨਿਰਵਿਘਨ ਚੈਕਿੰਗ ਕੀਤੀ ਜਾਵੇ।
12. ਕੇਂਦਰ ਕੰਟਰੋਲਰ ਨੂੰ ਹਦਾਇਤ ਕਰ ਦਿੱਤੀ ਜਾਵੇ ਕਿ ਪਰੀਖਿਆ ਵਾਲੇ ਦਿਨ ਡੇਟਸ਼ੀਟ ਅਨੁਸਾਰ ਪ੍ਰਸ਼ਨ ਪੱਤਰ ਕੇਂਦਰ ਸੁਪਰਡੰਟ ਨੂੰ ਸੌਂਪੇ ਜਾਣ। ਇਹ ਚੈੱਕ ਕਰ ਲਿਆ ਜਾਵੇ ਕਿ ਪ੍ਰਸ਼ਨ ਪੱਤਰ ਉਸੇ ਸ਼੍ਰੇਣੀ/ ਵਿਸ਼ੇ ਦੀ ਪਰੀਖਿਆ ਨਾਲ ਸਬੰਧਤ ਹੋਣ।

ਨੱਥੀ:- ਕੰਡਕਟ ਸ਼ਾਖਾ ਦੀ ਕੰਸੋਲੀਡੇਸ਼ਨ ਨਾਲ ਸਬੰਧਤ ਸੁਪਰਡੰਟ ਅਤੇ ਡੀਲਿੰਗ ਸਹਾਇਕਾਂ ਦੇ ਮੋਬਾਇਲ ਨੰਬਰ।

ਸਹਾਇਕ ਸਕੱਤਰ(ਕ.ਸ)

ਵਾ: ਸਕੱਤਰ,ਪੰਜਾਬ ਸਕੂਲ ਸਿੱਖਿਆ ਬੋਰਡ

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿ) ਬਠਿੰਡਾ
ਪਿੱਠ ਅੰਕਣ ਨੰ. ਅ-7/1 ( ) 2026/869 ਮਿਤੀ: 05/02/26
ਕਾਪੀ ਨੰ. 1 ਅਤੇ 2 ਦਾ ਉਤਾਰਾ ਜ਼ਿਲ੍ਹਾ ਬਠਿੰਡਾ ਦੇ ਸਸਸਸ, ਸਹਸ ਅਤੇ ਸਸਸਸ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਸ ਪੱਤਰ ਦੀ ਹਿਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਅਤੇ ਇਸ ਵਿੱਚ ਕਿਸੇ ਤਰ੍ਹਾਂ ਦੀ ਅਣਗਹਿਲੀ ਨਾ ਕੀਤੀ ਜਾਵੇ।

05/02/26

ਉਪ ਜਿ. ਸਿ. ਅ. (ਸੈ. ਸਿ)
ਬਠਿੰਡਾ.

5/2/26